**ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ।**

ਮੀਮੋ ਨੰ:Transfer Cell/2023/333159/8 ਮਿਤੀ: 13.06.2023

ਜਨਤਕ ਸੂਚਨਾ

1.0 ਦਫਤਰ ਦੇ ਮੀਮੋ ਨੰ. Transfer Cell/2023/333159/7 ਮਿਤੀ 09.06.2023 ਦੀ ਲਗਾਤਾਰਤਾ ਵਿੱਚ ਇਹ ਜਨਤਕ ਸੂਚਨਾਂ ਜਾਰੀ ਕੀਤੀ ਜਾਂਦੀ ਹੈ।

2.0 ਪੰਜਾਬ ਸਰਕਾਰ, ਸਿੱਖਿਆ ਵਿਭਾਗ ਦੇ ਪੱਤਰ ਨੰ 11/35/2018-1edu6/1508658, ਮਿਤੀ 25.06.2019 ਰਾਹੀਂ ਅਧਿਆਪਕ ਦੀ Teachers Transfer Policy-2019 ਜਾਰੀ ਕੀਤੀ ਗਈ ਸੀ ਅਤੇ ਉਸ ਉਪਰੰਤ ਸਮੇਂ ਸਮੇਂ ਤੇ ਸੋਧਾਂ ਜਾਰੀ ਕੀਤੀਆਂ ਗਈਆਂ ਸਨ।

3.0 ਸਿੱਖਿਆ ਵਿਭਾਗ ਵਲੋਂ ਵਿਦਿਆਰਥੀਆਂ ਦੀ ਪੜ੍ਹਾਈ ਨੂੰ ਮੁੱਖ ਰੱਖਦੇ ਹੋਏ 180 ਈਟੀਟੀ ਅਧਿਆਪਕਾਂ ਨੂੰ ਪਰਖਕਾਲ ਪੂਰਾ ਹੋਣ ਦੀ ਸ਼ਰਤ ਤੋਂ ਇੱਕ ਵਾਰ ਵਿਸ਼ੇਸ਼ ਛੋਟ ਦਿੰਦੇ ਹੋਏ ਬਦਲੀ ਦਾ ਮੌਕਾ ਦਿੱਤਾ ਗਿਆ ਸੀ।

4.0 ਉਪਰੋਕਤ ਅਧਿਆਪਕ ਜਿੰਨਾਂ ਨੇ ਬਦਲੀ ਲਈ ਬੇਨਤੀ ਦਿੱਤੀ ਹੋਈ ਹੈ ਅਤੇ ਉਹਨਾਂ ਦਾ ਡਾਟਾ ਸਕੂਲ ਮੁੱਖੀ/ਡੀ.ਡੀ.ਓ ਵਲੋਂ ਅਪਰੂਵ ਕੀਤਾ ਹੋਇਆ ਹੈ, ਜੇਕਰ ਉਹ ਜਿਲ੍ਹੇ ਤੋਂ ਬਾਹਰ (Inter District) ਬਦਲੀ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈ ਪੰਜਾਬ ਪੋਰਟਲ ਤੇ ਲਾਗ ਇਨ ਕਰਕੇ ਬਦਲੀ ਲਈ Station Choice ਮਿਤੀ 13.06.2023 ਨੂੰ ਸ਼ਾਮ 05.00 ਵਜੇ ਤੱਕ ਦੇ ਸਕਦੇ ਹਨ। ਬਦਲੀ ਲਈ ਉਪਲਬਧ ਖਾਲੀ ਅਸਾਮੀਆਂ ਦੀ ਸੂਚੀ ਈ ਪੰਜਾਂਬ ਪੋਰਟਲ ਤੇ Log in ਕਰਕੇ Transfer Menu ਵਿੱਚ Station Choice ਲਿੰਕ ਤੇ ਦਰਸਾਈ ਜਾਵੇਗੀ। Station Choice ਇਹਨਾਂ ਉਪਲਬਧ ਖਾਲੀ ਸਟੇਸਨਾਂ ਵਿਚੋਂ ਹੀ ਕੀਤੀ ਜਾ ਸਕਦੀ ਹੈ।

5.0 ਜਿਹੜੇ ਅਧਿਆਪਕ/ਕਰਮਚਾਰੀ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਹਨਾਂ ਨੂੰ ਬਦਲੀ ਵਾਲੇ ਸਟੇਸਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ, ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ। ਇਸ ਲਈ ਅਧਿਆਪਕ/ਕਰਮਚਾਰੀ ਬਦਲੀ ਲਈ Station Choice ਬਹੁਤ ਹੀ ਧਿਆਨ ਪੂਰਵਕ ਕਰਨ।

6.0 ਜੇਕਰ ਕਿਸੇ ਅਧਿਆਪਕ ਨੂੰ ਬਦਲੀ ਲਈ ਆਨਲਾਈਨ Station Choice ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿੰਨਾਂ ਦੀ ਫੋਨ ਨੰਬਰਾਂ ਦੀ ਸੂਚੀ epunjabschool portal ਤੇ ਉਪਲਬਧ ਹੈ।

13-06-2023

ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ।

2.37